# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 29-07-2025**

ਲੋਕ ਸਭਾ ਨੇ ਅੱਜ ਆਪ੍ਰੇਸ਼ਨ ਸਿੰਦੂਰ 'ਤੇ ਵਿਸ਼ੇਸ਼ ਚਰਚਾ ਮੁੜ ਸ਼ੁਰੂ ਕੀਤੀ। ਚਰਚਾ ਵਿੱਚ ਹਿੱਸਾ ਲੈਂਦੇ ਹੋਏ, ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਕੱਲ੍ਹ ਆਪ੍ਰੇਸ਼ਨ ਮਹਾਦੇਵ ਦੌਰਾਨ, ਭਾਰਤੀ ਫੌਜ, CRPF ਅਤੇ ਜੰਮੂ-ਕਸ਼ਮੀਰ ਪੁਲਿਸ ਨੇ ਪਹਿਲਗਾਮ ਦਹਿਸ਼ਤਗਰਦ ਹਮਲੇ ਵਿੱਚ ਸ਼ਾਮਲ ਤਿੰਨ ਦਹਿਸ਼ਤਗਰਦਾਂ ਨੂੰ ਬੇਅਸਰ ਕਰ ਦਿੱਤਾ । ਉਨ੍ਹਾਂ ਕਿਹਾ ਕਿ ਪਹਿਲਗਾਮ ਦਹਿਸ਼ਤਗਰਦ ਹਮਲੇ ਵਿੱਚ ਵਰਤੇ ਗਏ ਦਹਿਸ਼ਤਗਰਦਾਂ ਤੋਂ ਤਿੰਨ ਰਾਈਫਲਾਂ ਜ਼ਬਤ ਕੀਤੀਆਂ ਗਈਆਂ ਨੇ. ਸ੍ਰੀ ਸ਼ਾਹ ਨੇ ਦੱਸਿਆ ਕਿ ਤਿੰਨ ਦਹਿਸ਼ਤਗਰਦ - ਸੁਲੇਮਾਨ ਸ਼ਾਹ, ਜਿਬਰਾਨ ਅਤੇ ਹਮਜ਼ਾ ਅਫਗਾਨੀ - ਨੂੰ ਸਫਲਤਾ ਨਾਲ ਖਤਮ ਕਰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਸੁਲੇਮਾਨ ਇੱਕ 'ਏ' ਸ਼੍ਰੇਣੀ ਦਾ ਦਹਿਸ਼ਤਗਰਦ ਸੀ, ਜੋ ਪਹਿਲਗਾਮ ਅਤੇ ਗਗਨਗੀਰ ਦਹਿਸ਼ਤਗਰਦ ਹਮਲਿਆਂ ਵਿੱਚ ਡੂੰਘਾਈ ਨਾਲ ਸ਼ਾਮਲ ਸੀ। ਉਨ੍ਹਾਂ ਅੱਗੇ ਕਿਹਾ ਕਿ ਖੁਫੀਆ ਏਜੰਸੀਆਂ ਕੋਲ ਉਸਦੀ ਭੂਮਿਕਾ ਦੇ

ਪੁਖਤਾ ਸਬੂਤ ਨੇ .ਸ੍ਰੀ ਸ਼ਾਹ ਨੇ ਕਿਹਾ ਕਿ ਪਹਿਲਗਾਮ ਦਹਿਸ਼ਤਗਰਦ ਹਮਲੇ ਵਿੱਚ ਮਾਸੂਮ ਸੈਲਾਨੀਆਂ ਨੂੰ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੇ ਸਾਹਮਣੇ ਬੇਰਹਿਮੀ ਨਾਲ ਮਾਰ ਦਿੱਤਾ ਗਿਆ ਸੀ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਜਵਾਬ ਵਿੱਚ ਦ੍ਰਿੜ ਇਰਾਦੇ ਨਾਲ ਕੰਮ ਕੀਤਾ ਅਤੇ ਆਪ੍ਰੇਸ਼ਨ ਸਿੰਦੂਰ ਨੂੰ ਅਧਿਕ੍ਰਿਤ ਕੀਤਾ। ਗ੍ਰਹਿ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਸੁਰੱਖਿਆ ਬਲਾਂ ਨੂੰ ਨਿਰਦੇਸ਼ ਦਿੱਤੇ ਗਏ ਸਨ ਕਿ ਪਹਿਲਗਾਮ ਹਮਲੇ ਲਈ ਜ਼ਿੰਮੇਵਾਰ ਦਹਿਸ਼ਤਗਰਦਾਂ ਨੂੰ ਦੇਸ਼ ਤੋਂ ਬਾਹਰ ਨਾ ਜਾਣ ਦਿੱਤਾ ਜਾਵੇ। ਉਨ੍ਹਾਂ ਨੇ ਦੇਸ਼ ਦੀਆਂ ਹਥਿਆਰਬੰਦ ਫੌਜਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਦਹਿਸ਼ਤਗਰਦਾਂ ਨੂੰ ਖਤਮ ਕਰ ਦਿੱਤਾ ਅਤੇ ਸਰਜੀਕਲ ਸਟੀਕਤਾ ਨਾਲ ਉਨ੍ਹਾਂ ਦੇ ਕੈਂਪਾਂ ਨੂੰ ਤਬਾਹ ਕਰ ਦਿੱਤਾ.ਸ੍ਰੀ ਸ਼ਾਹ ਨੇ ਸਾਬਕਾ ਗ੍ਰਹਿ ਮੰਤਰੀ ਪੀ ਚਿਦੰਬਰਮ ਦੀ ਨੁਕਤਾਚੀਨੀ ਕੀਤੀ ਕਿ ਉਹ ਦਹਿਸ਼ਤਗਰਦਾਂ ਦੇ ਪਾਕਿਸਤਾਨ ਤੋਂ ਹੋਣ ਦਾ ਸਬੂਤ ਮੰਗ ਰਹੇ ਨੇ, ਜਿਸ ਨਾਲ ਪਾਕਿਸਤਾਨ ਨੂੰ ਕਲੀਨ ਚਿੱਟ ਮਿਲ ਗਈ ਏ ।

-------------------------------------------------------

ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ ਸਰਕਾਰ ਨੇ ਪਿਛਲੇ ਦਸ ਸਾਲਾਂ ਵਿੱਚ ਕਿਸਾਨਾਂ ਦੀ ਆਮਦਨ ਅਤੇ ਅਨਾਜ ਦੇ ਉਤਪਾਦਨ ਨੂੰ ਵਧਾਉਣ ਲਈ ਕਈ ਉਪਾਅ ਕੀਤੇ ਨੇ. ਅੱਜ ਲੋਕ ਸਭਾ ਵਿੱਚ ਪ੍ਰਸ਼ਨ ਕਾਲ ਦੌਰਾਨ ਜ਼ਿਮਨੀ ਸਵਾਲਾਂ ਦੇ ਜਵਾਬ ਦਿੰਦਿਆਂ, ਸ਼੍ਰੀ ਚੌਹਾਨ ਨੇ ਕਿਹਾ ਕਿ, ਅਨਾਜ ਉਤਪਾਦਨ 2013-2014 ਵਿੱਚ 24 ਕਰੋੜ 60 ਲਖ ਟਨ ਤੋਂ ਵਧ ਕੇ ਅੱਜ 35 ਕਰੋੜ 30 ਲਖ ਟਨ ਹੋ ਗਿਆ ਏ. ਉਨ੍ਹਾਂ ਕਿਹਾ ਕਿ, ਦਾਲਾਂ ਦਾ ਉਤਪਾਦਨ ਵੀ 2013-2014 ਵਿੱਚ 1 ਕਰੋੜ 60 ਲਖ ਟਨ ਤੋਂ ਵਧ ਕੇ 2 ਕਰੋੜ 50 ਲਖ ਟਨ ਤੋਂ ਵੱਧ ਹੋ ਗਿਆ ਏ। ਸ਼੍ਰੀ ਚੌਹਾਨ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ, ਸਰਕਾਰ ਨੇ ਕਿਸਾਨਾਂ ਦੀ ਆਮਦਨ ਵਧਾਉਣ ਲਈ ਛੇ ਉਪਾਅ ਕੀਤੇ ਨੇ.। ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਖੇਤੀਬਾੜੀ ਖੇਤਰ ਲਈ ਬਜਟ ਵੀ UPA ਸਰਕਾਰ ਦੌਰਾਨ 27 ਹਜ਼ਾਰ ਕਰੋੜ ਰੁਪਏ ਤੋਂ ਵਧ ਕੇ ਐਨਡੀਏ ਸਰਕਾਰ ਦੌਰਾਨ 1 ਲੱਖ 27 ਹਜ਼ਾਰ ਕਰੋੜ ਰੁਪਏ ਹੋ ਗਿਆ ਏ -

**Byte**

-----------------------------------------------------------

ਅੰਮ੍ਰਿਤਸਰ ਪੁਲਿਸ ਨੇ ਅੱਜ ਇੱਕ ਤਸਕਰ ਨੂੰ ਗ੍ਰਿਫ਼ਤਾਰ ਕਰਕੇ, ਉਸ ਕੋਲੋਂ 5 ਪਿਸਤੌਲ ਜ਼ਬਤ ਕੀਤੇ ਨੇ। ਪੁਲਿਸ ਹਲਕਿਆਂ ਅਨੁਸਾਰ, ਉਹ ਪਾਕਿਸਤਾਨ ਸਥਿਤ ਇੱਕ ਤਸਕਰ ਦੇ ਨਿਰਦੇਸ਼ਾਂ ਹੇਠ ਕੰਮ ਕਰ ਰਿਹਾ ਸੀ। ਤਸਕਰ ਨੂੰ ਉਸ ਸਮੇਂ ਗ੍ਰਿਫ਼ਤਾਰ ਕੀਤਾ ਗਿਆ ਜਦੋਂ ਉਹ ਅੰਮ੍ਰਿਤਸਰ ਵਿੱਚ, ਭਾਰਤ-ਪਾਕਿਸਤਾਨ ਸਰਹੱਦ ਨੇੜੇ ਹਥਿਆਰ ਪ੍ਰਾਪਤ ਕਰਨ ਤੋਂ ਬਾਅਦ, ਪਿਸਤੌਲਾਂ ਦੀ ਖੇਪ ਪਹੁੰਚਾਉਣ ਜਾ ਰਿਹਾ ਸੀ। FIR ਦਰਜ ਕਰ ਲਈ ਗਈ ਏ ਅਤੇ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਲਈ, ਅਗਲੇਰੀ ਜਾਂਚ ਜਾਰੀ ਏ।

-----------------------------------------------------------

ਪੰਜਾਬ ਦੇ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ  ਸੂਬੇ ਦੇ ਸੁਧਾਰ ਘਰਾਂ (ਜੇਲ੍ਹਾਂ) ਵਿੱਚ ਮਾਨਸਿਕ ਸਿਹਤ ਸੰਭਾਲ ਨੂੰ ਮਜ਼ਬੂਤ ਕਰਨ ਲਈ, ਇੱਕ ਅਹਿਮ ਕਦਮ ਦਾ ਐਲਾਨ ਕਰਦਿਆਂ, ਦੱਸਿਆ ਏ ਕਿ ਪੰਜਾਬ ਭਰ ਦੀਆਂ ਜੇਲ੍ਹਾਂ ਲਈ, 60 ਮਨੋਵਿਗਿਆਨੀ ਸਲਾਹਕਾਰਾਂ ਦੀ ਭਰਤੀ ਕਰਨ

ਦੀ ਪ੍ਰਵਾਨਗੀ ਦੇ ਦਿੱਤੀ ਗਈ ਏ। ਖਜ਼ਾਨਾ ਮੰਤਰੀ ਨੇ ਇੱਕ ਬਿਆਨ ਵਿੱਚ, ਪੰਜਾਬ ਸਰਕਾਰ ਦੀ ਕੈਦੀਆਂ ਦੀ ਭਲਾਈ ਪ੍ਰਤੀ ਵਚਨਬੱਧਤਾ ’ਤੇ ਜ਼ੋਰ ਦਿੰਦਿਆਂ ਕਿਹਾ ਏ ਕਿ, ਇਹ ਪਹਿਲਕਦਮੀ ਨਾਲ ਜੇਲ੍ਹ ਪ੍ਰਣਾਲੀ ਦੇ ਅੰਦਰ ਵਿਅਕਤੀਆਂ ਨੂੰ ਵਿਆਪਕ ਸਹਾਇਤਾ ਪ੍ਰਦਾਨ ਕਰਨ, ਜਿਸ ਵਿੱਚ ਮਹੱਤਵਪੂਰਨ ਮਾਨਸਿਕ ਸਿਹਤ ਸੇਵਾਵਾਂ ਸ਼ਾਮਲ ਨੇ, ਪ੍ਰਤੀ ਸੂਬਾ ਸਰਕਾਰ ਦੇ ਸਮਰਪਣ ਨੂੰ ਦਰਸਾਇਆ ਗਿਆ ਏ।

---------------------------------------------------

ਪੰਜਾਬ ਸਰਕਾਰ ਨੇ 31 ਜੁਲਾਈ ਨੂੰ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਵਸ 'ਤੇ ਪੂਰੇ ਸੂਬੇ ਵਿੱਚ ਗਜ਼ਟਿਡ ਛੁੱਟੀ ਦਾ ਐਲਾਨ ਕੀਤਾ ਏ। ਇਸ ਦਿਨ ਸਾਰੇ ਸਰਕਾਰੀ ਦਫ਼ਤਰ, ਸਕੂਲ ਅਤੇ ਕਾਲਜ ਬੰਦ ਰਹਿਣਗੇ। ਇਸ ਦੇ ਨਾਲ ਹੀ ਭਵਾਨੀਗੜ੍ਹ-ਸੁਨਾਮ ਰੋਡ ਦਾ ਨਾਂ ਬਦਲ ਕੇ, ਹੁਣ ਸ਼ਹੀਦ ਊਧਮ ਸਿੰਘ ਮਾਰਗ ਰਖਿਆ ਜਾਵੇਗਾ। ਸਰਕਾਰ ਨੇ ਇਸ ਸਬੰਧੀ ਇੱਕ ਅਧਿਕਾਰਤ ਨੋਟੀਫਿਕੇਸ਼ਨ ਵੀ ਜਾਰੀ ਕੀਤਾ ਏ। ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਅੱਜ ਚੰਡੀਗੜ੍ਹ ਵਿੱਚ, ਇੱਕ ਪ੍ਰੈਸ ਕਾਨਫਰੰਸ ਦੌਰਾਨ, ਸ਼ਹੀਦ ਊਧਮ ਸਿੰਘ ਵੱਲੋਂ ਦੇਸ਼ ਦੀ ਆਜ਼ਾਦੀ ਵਿੱਚ

ਅਹਿਮ ਭੂਮਿਕਾ ਨਿਭਾਉਣ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ, ਵੀਰਵਾਰ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਮੁਖੀ ਅਰਵਿੰਦ ਕੇਜਰੀਵਾਲ, ਸਾਂਝੇ ਤੌਰ 'ਤੇ ਇਸ ਸੜਕ ਦਾ ਨਾਮਕਰਨ ਕਰਨਗੇ।

-----------------------------------------------------

ਭਾਰਤੀ ਰੇਲਵੇ ਵੱਲੋਂ ਲੋਕਾਂ ਨੂੰ ਦੱਖਣੀ ਭਾਰਤ ਦੇ ਤੀਰਥ ਸਥਾਨਾਂ ਦੀ ਯਾਤਰਾ ਕਰਾਉਣ ਲਈ ਕੀਤੇ ਜਾ ਰਹੇ ਉਪਰਾਲੇ ਤਹਿਤ ਕੱਲ ਪਠਾਨਕੋਟ ਰੇਲਵੇ ਸਟੇਸ਼ਨ ਤੋਂ ਵਿਸ਼ੇਸ਼ ਰੇਲਗੱਡੀ ਰਵਾਨਾ ਹੋਈ. ਸਾਡੇ ਪਤਰਕਾਰ ਨੇ ਖਬਰ ਦਿੱਤੀ ਏ ਕਿ ਇਹ ਰੇਲਗੱਡੀ 13 ਦਿਨਾਂ ਦੀ ਯਾਤਰਾ ਕਰੇਗੀ ਤੇ ਫਿਰ 9 ਅਗਸਤ ਨੂੰ ਪਠਾਨਕੋਟ ਪਰਤੇਗੀ |

-----------------------------------------------------

ਫਿਰੋਜ਼ਪੁਰ ਦੇ ਡਿਵੀਜ਼ਨਲ ਰੇਲਵੇ ਮੈਨੇਜਰ ਸ੍ਰੀ ਸੰਜੇ ਸਾਹੂ ਦੀ ਦੂਰਅੰਦੇਸ਼ ਅਗਵਾਈ ਹੇਠ, ਫਿਰੋਜ਼ਪੁਰ ਡਿਵੀਜ਼ਨ ਨੇ ਇੱਕ ਮਹੱਤਵਪੂਰਨ ਤਕਨੀਕੀ ਪ੍ਰਾਪਤੀ ਹਾਸਿਲ ਕੀਤੀ ਏ। ਉਨ੍ਹਾਂ ਦੇ ਕਾਰਜਕਾਲ ਦੌਰਾਨ, ਫਿਰੋਜ਼ਪੁਰ ਡਿਵੀਜ਼ਨ ਦੇ ਕਰੀਬ 33 ਰੇਲਵੇ

ਸਟੇਸ਼ਨਾਂ ਨੂੰ, ਰਵਾਇਤੀ ਮਕੈਨੀਕਲ ਇੰਟਰਲਾਕਿੰਗ ਸਿਸਟਮ ਦੀ ਥਾਂ ਇਲੈਕਟ੍ਰਾਨਿਕ ਇੰਟਰਲਾਕਿੰਗ ਸਿਸਟਮ ਵਿੱਚ ਸਫਲਤਾ ਨਾਲ ਬਦਲਿਆ ਗਿਆ ਏ।